# ਦਫਤਰ ਨਗਰ ਕੌਂਸਲ ਖਰੜ (ਜ਼ਿਲਾ ਐਸ.ਏ.ਐਸ.ਨਗਰ)

## ਪਬਲਿਕ ਨੋਟਿਸ

ਨਗਰ ਕੌਂਸਲ ਖਰੜ ਵੱਲੋਂ ਆਪਣੇ ਮਤਾ ਨੰ:-3 ਮਿਤੀ 08-07-2021 ਅਤੇ ਇਸ ਮਤੇ ਦੀ ਪ੍ਰਵਾਨਗੀ ਸਬੰਧੀ ਸਰਕਾਰ ਦੇ ਪੱਤਰ ਨੰ:- ਅਸ1-ਡਸਸ-2021/28008 ਮਿਤੀ 16.07.2021 ਅਨੁਸਾਰ ਕਿਰਤ ਵਿਭਾਗ ਪੰਜਾਬ ਵੱਲੋਂ ਨਿਰਧਾਰਿਤ ਰੇਟ (ਡੀ.ਸੀ ਰੇਟ) ਤੇ 296 ਸਫਾਈ ਸੇਵਕਾਂ ਅਤੇ 30 ਸੀਵਰਮੈਨਾਂ ਨੂੰ ਕੰਟਰੈਕਟ ਤੇ ਰੱਖਿਆ ਜਾਣਾ ਹੈ। ਇਸ ਲਈ ਪੰਜਾਬ ਦੇ ਵਸਨੀਕ ਚਾਹਵਾਨ ਉਮੀਦਵਾਰਾਂ ਤੋਂ ਮਿਤੀ 31-08-2021 ਤੱਕ ਹੇਠ ਲਿਖੇ ਪ੍ਰੋਫਾਰਮੇ ਵਿੱਚ ਬਿਨੈ-ਪੱਤਰਾਂ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦੀ ਮੰਗ ਕੀਤੀ ਜਾਂਦੀ ਹੈ। ਚਾਹਵਾਨ ਉਮਦਵਾਰ ਮਿਤੀ 31-08-2021 ਸਮਾ 4.00 ਵਜੇ ਤੱਕ ਰਜਿਸਟਰਡ ਡਾਕ ਰਾਹੀਂ (ਕਾਰਜ ਸਾਧਕ ਅਫਸਰ, ਨਗਰ ਕੌਂਸਲ ਖਰੜ, ਦੇ ਨਾਮ ਤੇ) ਜਾਂ ਦਸਤੀ ਤੌਰ ਤੇ ਬਿਨੈ-ਪੱਤਰ (ਸਮੇਤ ਦਸਤਾਵੇਜਾਂ ਦੀਆਂ ਕਾਪੀਆਂ) ਦਫਤਰ ਨਗਰ ਕੌਂਸਲ ਖਰੜ ਵਿਖੇ ਦਫਤਰੀ ਕੰਮ ਕਾਜ ਵਾਲੇ ਦਿਨ ਸਮਾਂ ਸਵੇਰੇ 10 ਵਜੇ ਤੋਂ ਸਾਮ 3 ਵਜੇ ਤੱਕ ਜਮ੍ਹਾਂ ਕਰਵਾ ਸਕਦੇ ਹਨ। ਨਿਰਧਾਰਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਬਿਨੈ-ਪੱਤਰਾਂ ਤੇ ਗੌਰ ਨਹੀਂ ਕੀਤੀ ਜਾਵੇਗੀ। ਚਾਹਵਾਨ ਉਮੀਦਵਾਰਾਂ ਵੱਲੋਂ ਬਿਨੈ-ਪੱਤਰ ਵਿੱਚ ਦਰਜ ਦਸਤਾਵੇਜਾਂ ਦੀਆਂ ਸਵੈ-ਤਸਦੀਕ ਕਾਪੀਆਂ ਨਾਲ ਨੱਥੀ ਕੀਤੀਆਂ ਜਾਣ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ ਹੇਠ ਲਿਖੀਆਂ ਸ਼ਰਤਾਂ ਪੂਰੀਆਂ ਕਰਦਾ ਹੋਣਾ ਚਾਹੀਦਾ ਹੈ:-

1. ਉਮੀਦਵਾਰ ਉਪਰੋਕਤ ਅਸਾਮੀ ਲਈ ਨਿਰਧਾਰਿਤ ਯੋਗਤਾ ਪੂਰੀ ਕਰਦਾ ਹੋਵੇ।
2. ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਫਾਈ ਸੇਵਕ ਅਤੇ ਸੀਵਰਮੈਨਾ ਦੀਆ ਨਿਯੁਕਤੀਆ ਲਈ ਸਥਾਨਕ ਸਰਕਾਰ ਵਿਭਾਗ ਵਿੱਚ ਘੱਟ ਤੋਂ ਘੱਟ 3 ਸਾਲ ਦੇ ਤਜਰਬੇ ਵਾਲੇ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਨਿਯੁਕਤੀ ਲਈ ਘੱਟੋ-ਘੱਟ ਉਮਰ ਵਿੱਚ ਉਮੀਦਵਾਰ ਦੇ ਤਜਰਬੇ ਵਿੱਚ ਛੋਟ ਦਿੱਤੀ ਜਾਵੇਗੀ" ਘੱਟ ਤੋਂ ਘੱਟ 3 ਸਾਲ ਦਾ ਤਜਰਬਾ ਰੱਖਣ ਵਾਲੇ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਜੋ ਉਮੀਦਵਾਰ ਪਹਿਲਾ ਹੀ ਨਗਰ ਕੌਂਸਲ ਖਰੜ ਵਿੱਚ ਕੰਮ ਕਰ ਰਿਹਾ ਹੈ, ਉਸ ਦੀ ਯੋਗਤਾ, ਜਿਸ ਮਿਤੀ ਤੋਂ ਉਮੀਦਵਾਰ ਨਗਰ ਕੌਂਸਲ ਖਰੜ ਵਿੱਚ ਕੰਮ ਕਰ ਰਿਹਾ ਹੈ, ਉਸ ਮਿਤੀ ਤੋਂ ਮਿੱਥੀ ਜਾਵੇਗੀ। ਇਸ ਤੋਂ ਇਲਾਵਾ ਨਿਰਧਾਰਿਤ ਉਮਰ ਹੱਦ ਅਨੁਸਾਰ ਭਾਵ ਉਮੀਦਵਾਰ ਦੀ ਉਮਰ ਮਿਤੀ 01.01.2021 ਨੂੰ 18 ਸਾਲ ਤੋਂ 37 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਹਨਾ ਨਿਯੁਕਤੀਆ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਿਜਰਵੇਸਨ ਪਾਲਿਸੀ ਲਾਗੂ ਕੀਤੀ ਜਾਵੇਗੀ ਅਤੇ ਉਮਰ ਦੀ ਬਣਦੀ ਛੋਟ ਦਿੱਤੀ ਜਾਵੇਗੀ।
3. ਉਮੀਦਵਾਰ ਵਿਰੁੱਧ ਕੋਈ ਵੀ ਫੌਜਦਾਰੀ ਕੇਸ ਨਾ ਚੱਲ ਰਿਹਾ ਹੋਵੇ। ਇਸ ਸਬੰਧੀ ਉਮੀਦਵਾਰ ਤੋਂ ਸਵੈ-ਘੋਸ਼ਣਾ ਵੀ ਨਾਲ ਨੱਥੀ ਕੀਤੀ ਜਾਵੇ।
4. ਉਮੀਦਵਾਰ ਪੰਜਾਬ ਦਾ ਪੱਕਾ ਵਸਨੀਕ ਹੋਵੇ।

ਸਫਾਈ ਕਰਮਚਾਰੀਆਂ ਦੀ ਪੰਜਾਬ ਮਿਉਂਸਪਲ ਸਫਾਈ ਕਰਮਚਾਰੀ ਸੇਵਾ ਨਿਯਮ 1984 ਅਧੀਨ ਕੀਤੀ ਜਾਣੀ ਹੈ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਫਾਈ ਸੇਵਕਾਂ ਦੀਆਂ ਨਿਯੁਕਤੀਆਂ ਲਈ ਸਥਾਨਕ ਸਰਕਾਰਾਂ ਵਿਭਾਗ ਵਿੱਚ ਅਤੇ ਨਿਯੁਕਤੀ ਲਈ ਘੱਟੋ-ਘੱਟ ਉਮਰ ਵਿੱਚ ਉਮੀਦਵਾਰ ਦੇ ਤਜ਼ਰਬੇ ਦੇ ਬਰਾਬਰ, ਛੋਟ ਦਿੱਤੀ ਜਾਵੇਗੀ।

ਨਗਰ ਕੌਂਸਲ ਖਰੜ ਵੱਲੋਂ ਨਿਯੁਕਤ ਕੀਤੇ ਜਾਣ ਵਾਲੇ ਸਫਾਈ ਸੇਵਕਾਂ ਅਤੇ ਸੀਵਰਮੈਨਾ ਤੋਂ ਸਫਾਈ ਦੇ ਕੰਮ/ਸੀਵਰੇਜ ਦੇ ਕੰਮ, ਨਾਲੇ/ਨਾਲੀਆਂ ਦੀ ਸਫਾਈ, ਕੂੜਾ ਲਿਫਟਿੰਗ, ਸੋਲਿਡ ਵੇਸਟ ਦੇਖਭਾਲ ਦੇ ਕੰਮਾਂ ਅਤੇ ਮਾਲੀ ਬੇਲਦਾਰ/ਕੁਲੀ ਦਾ ਕੰਮ ਆਦਿ ਲਿਆ ਜਾ ਸਕਦਾ ਹੈ।

ਬਿਨੈਕਾਰ ਦੀ ਤਸਦੀਕਸ਼ੁਦਾ ਫੋਟੋ

ਕੰਨਟਰੈਕਟ ਬੇਸ ਤੇ ਸਫਾਈ ਸੇਵਕ/ਸੀਵਰਮੈਨ ਦੀ ਅਸਾਮੀ ਲਈ ਬਿਨੈ ਪੱਤਰ

ਅਸਾਮੀ ਦਾ ਨਾਮ:

| | | | | | | |
|---|---|---|---|---|---|---|
| 1. | ਉਮੀਦਵਾਰ ਦਾ ਨਾਮ | | | | | |
| 2. | ਪਿਤਾ/ਪਤੀ ਦਾ ਨਾਮ | | | | | |
| 3. | ਜਨਮ ਮਿਤੀ (ਸਬੂਤ ਨਾਲ ਨੱਥੀ) | | | | | |
| 4. | ਉਮਰ (ਪ੍ਰਸੋਨਲ ਪਾਲਿਸੀਜ਼-1 ਸ਼ਾਖਾ ਦੇ ਪੱਤਰ ਨੰ:- 9/56/2020-5PP1/33 ਮਿਤੀ 12/01/2021 ਰਾਹੀਂ ਛੋਟ ਦਿੱਤੀ ਜਾਵੇਗੀ) | | | | | |
| 5. | ਜਨਮ ਦਾ ਸਥਾਨ (ਜ਼ਿਲ੍ਹਾ ਅਤੇ ਰਾਜ) | | | | | |
| 6. | ਘਰ ਦਾ ਪੱਕਾ ਪਤਾ | | | | | |
| 7. | ਪੱਤਰ ਵਿਹਾਰ ਲਈ ਪਤਾ | | | | | |
| 8. | ਟੈਲੀਫੋਨ ਨੰਬਰ/ਮੋਬਾਇਲ ਨੰਬਰ | | | | | |
| 9. | ਕੈਟਾਗਿਰੀ | | | | | |
| 10. | ਕੌਮੀਅਤ (Nationality) | | | | | |
| 11. | ਵਿਦਿਅੱਕ ਯੋਗਤਾ | | | | | |
| | ਪਾਸ ਪ੍ਰੀਖਿਆ ਦਾ ਨਾਮ | ਬੋਰਡ/ਯੂਨੀਵਰਸਿਟੀ | ਪ੍ਰੀਖਿਆ ਪਾਸ ਕਰਨ ਦਾ ਸਾਲ | ਕੁੱਲ ਅੰਕ | ਪ੍ਰਾਪਤ ਕੀਤੇ ਅੰਕ | ਪ੍ਰਾਪਤ ਕੀਤੇ ਅੰਕਾਂ ਦੀ ਪ੍ਰਤੀਸ਼ਤ (%) |
| | | | | | | |
| | | | | | | |

12. ਕੀ ਪੰਜਾਬੀ ਪੜ੍ਹ ਲਿਖ ਸਕਦਾ ਹੈ? ਹਾਂ ਜਾਂ ਨਹੀਂ ( )

13. ੳ) ਤਜਰਬਾ (ਕਦੋਂ ਤੋਂ ਕਦੋਂ ਤੱਕ) ਸੰਸਥਾ ਦਾ ਨਾਂ:

(ਨੋਟ: ਤਜਰਬਾ ਕਮਿਸ਼ਨਰ/ਕਾਰਜ ਸਾਧਕ ਅਫਸਰ/ਸੰਸਥਾ ਦੇ ਮੁਖੀ ਵੱਲੋਂ ਰਿਕਾਰਡ ਦੇ ਅਧਾਰ ਤੇ ਵੈਰੀਫਾਈ ਕੀਤਾ ਜਾਵੇਗਾ)

ਅ) ਈ.ਪੀ.ਐਫ ਨੰਬਰ ਜੇਕਰ ਹੈ ਤਾਂ)

ੲ) ਸੈਲਰੀ ਅਕਾਉਂਟ ਨੰਬਰ (ਬੈਂਕ ਡਿਟੇਲ)

### ਸਵੈ ਘੋਸ਼ਣਾ

ਮੈਂ ......................... ਪੁੱਤਰ/ਪੁੱਤਰੀ ਸ਼੍ਰੀ......................... ਉਮਰ................. ਘੋਸ਼ਣਾ ਕਰਦਾ/ਕਰਦੀ ਹਾਂ ਕਿ ਮੈਂ ਪੰਜਾਬ ਦਾ ਪੱਕਾ ਵਸਨੀਕ ਹਾਂ ਅਤੇ ਮੇਰੇ ਖਿਲਾਫ ਕੋਈ ਵੀ ਫੌਜਦਾਰੀ ਕੇਸ ਨਹੀਂ ਚੱਲ ਰਿਹਾ। ਮੇਰੀ ਜਾਣਕਾਰੀ ਅਨੁਸਾਰ ਉਕਤ ਸੂਚਨਾ ਅਤੇ ਨੱਥੀ ਦਸਤਾਵੇਜ ਠੀਕ ਅਤੇ ਸਹੀ ਹਨ। ਇਨ੍ਹਾਂ ਵਿੱਚ ਮੈਂ ਕੋਈ ਤੱਥ ਲੁਕਾਇਆ ਨਹੀਂ ਹੈ। ਜੇਕਰ ਮੇਰੇ ਵੱਲੋਂ ਦਿੱਤੀ ਗਈ ਸੂਚਨਾ ਕਿਸੇ ਸਮੇਂ ਵੀ ਗਲਤ ਪਾਈ ਗਈ ਤਾਂ ਸਮਰੱਥ ਅਥਾਰਟੀ ਨੂੰ ਮੇਰੇ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਖੁੱਲ੍ਹ ਹੋਵੇਗੀ।

ਮਿਤੀ:

ਸਥਾਨ:

ਉਮੀਦਵਾਰ ਦੇ ਹਸਤਾਖਰ

ਨੱਥੀ ਦਸਤਾਵੇਜ: 1.
2.
3.

ਮੈਂਬਰ ਸਕੱਤਰ, ਸਿਲੈਕਸ਼ਨ ਕਮੇਟੀ-ਕਮ-
ਕਾਰਜਸਾਧਕ ਅਫਸਰ,
ਨਗਰ ਕੌਂਸਲ, ਖਰੜ।

ਚੇਅਰਮੈਨ ਸਿਲੈਕਸ਼ਨ ਕਮੇਟੀ-ਕਮ-
ਪ੍ਰਧਾਨ
ਨਗਰ ਕੌਂਸਲ, ਖਰੜ।

Scanned with CamScanner